# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ

ਮੀਮੋਨੰ: Transfer Cell/2022/322388/45 ਮਿਤੀ: 20.10.2022

## ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ: 5/3-ICT-2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਰਾਹੀਂ ਤਬਾਦਲਾ ਨੀਤੀ ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੀ ਤਬਾਦਲਾ ਨੀਤੀ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਦੀਆਂ ਬਦਲੀਆਂ ਲਈ ਲਾਗੂ ਹੋਣਗੀਆਂ।

2.0 ਸਾਲ 2022-23 ਦੌਰਾਨ **ਮੀਮੋਨੰ:Transfer Cell/2022/322388/34 ਮਿਤੀ 07.10.2022 ਰਾਹੀਂ** ਜਾਰੀ ਜਨਤਕ ਸੂਚਨਾਂ ਰਾਹੀਂ ਅਧਿਆਪਕਾਂ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਜੋ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹਨਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮਿਤੀ 10.10.2022 ਤੋਂ 13.10.2022 ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵਲੋਂ ਈ ਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record ਭਰੇ ਗਏ ਸਨ।

**3.0** ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ **ਮਿਤੀ** 14.10.2022 **ਤੋਂ** 16.10.2022 ਤੱਕ ਕੀਤੀ ਗਈ ਹੈ।

4.0 ਵਿਭਾਗ ਵਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ-ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ **Station Choice ਮਿਤੀ 21.10.2022 ਤੋਂ 25.10.2022** ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ-ਪੰਜਾਬ ਪੋਰਟਲ ਤੇ log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ **ਉਪਲਬੱਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।**

(HR) MS 1053

5.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

6.0 ਜੇਕਰ ਕਿਸੇ ਅਧਿਆਪਕ/ ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਨੂੰ ਬਦਲੀ ਲਈ ਆਨ ਲਾਇਨ Station Choice ਵਿੱਚ ਦਿਕੱਤ ਪੇਸ਼ ਆਉਂਦੀ ਹੈ ਤਾਂ ਉਹ ਜਿਲਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ